**ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ ਕਮ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਿਟੀ,**
**ਐਸ.ਸੀ.ਓ. ਨੰ 104-106, ਸੈਕਟਰ 34-ਏ, ਚੰਡੀਗੜ੍ਹ**

ਸੇਵਾ ਵਿਖੇ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
2. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.)
3. ਰਾਜ ਦੇ ਸਮੂਹ ਸਕੂਲ ਮੁੱਖੀ ਅਤੇ
4. ਰਾਜ ਦੇ ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ

(ਵੈੱਬ ਸਾਈਟ ਦੇ ਰਾਹੀਂ)

ਮੀਮੋ ਨੰ ਸਸਅ/ਸੀਏ/37600
ਮਿਤੀ ਚੰਡੀਗੜ੍ਹ 18 ਮਈ, 2010

ਵਿਸ਼ਾ ਅਧਿਆਪਕਾਂ ਦੀ ਰੈਸ਼ਨੈਲਾਈਜ਼ੇਸ਼ਨ ਬਾਰੇ ।

1.0 ਉਪਰੋਕਤ ਵਿਸ਼ੇ ਤੇ ਆਪ ਜੀ ਦਾ ਧਿਆਨ ਸਰਕਾਰ ਦੇ ਪੱਤਰ ਨੰ 18/348/09-5ਸਿ2/6514-23 ਮਿਤੀ 29.12.2009 ਵੱਲ ਦਵਾਇਆ ਜਾਂਦਾ ਹੈ ਜਿਸ ਰਾਹੀਂ ਰੈਸ਼ਨੈਲਾਈਜ਼ੇਸ਼ਨ ਪਾਲਿਸੀ ਜਾਰੀ ਕੀਤੀ ਗਈ ਸੀ ।

2.0 ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਇਸ ਸਮੇਂ ਰਾਈਟ ਆਫ ਚਿਲਡਰਨ ਟੂ ਫਰੀ ਐਂਡ ਕੰਪਲਸਰੀ ਐਜੂਕੇਸ਼ਨ ਐਕਟ, 2009 ਮਿਤੀ 1.4.2010 ਤੋਂ ਲਾਗੂ ਹੋ ਚੁੱਕਿਆ ਹੈ ਜਿਸ ਦੇ ਤਹਿਤ ਸਕੂਲਾਂ ਦੇ ਵਿੱਚ ਅਧਿਆਪਕਾਂ ਦੀ ਮੌਜੂਦਗੀ ਯਕੀਨੀ ਬਣਾਉਣੀ ਹੈ ਅਤੇ ਇਸ ਦੇ ਨਾਲ ਅਧਿਆਪਕਾਂ ਦੀ ਰੀ-ਡਿਪਲਾਏਮੈਂਟ ਵੀ ਕੀਤੀ ਜਾਣੀ ਲਾਜ਼ਮੀ ਹੈ । ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ. ਅਤੇ ਸੈ.ਸਿ.) ਨਾਲ ਹੋਈ ਮੀਟਿੰਗ ਦੇ ਵਿੱਚ ਇਸ ਮੁੱਦੇ ਨੂੰ ਚੰਗੀ ਤਰ੍ਹਾ ਵਿਚਾਰਿਆ ਗਿਆ ਸੀ ਅਤੇ ਇਹ ਵਿਸ਼ੇਸ਼ ਤੌਰ ਤੇ ਜ਼ੋਰ ਦੇ ਕੇ ਕਿਹਾ ਗਿਆ ਸੀ

ਕਿ ਕਿਸੇ ਵੀ ਸੂਰਤ ਵਿੱਚ ਰੈਸ਼ਨੈਲਾਈਜ਼ੇਸ਼ਨ ਪਾਲਿਸੀ ਦੇ ਵਿੱਚ ਦਿੱਤੀਆਂ ਹਦਾਹਿਤਾਂ ਨੂੰ ਅੱਖੋ ਪਰੋਖੇ ਨਾ ਕੀਤਾ ਜਾਵੇ । ਪਿਛਲੇ ਸਾਲਾਂ ਦੇ ਤਜਰਬੇ ਤੋਂ ਇਹ ਗੱਲ ਸੱਪਸ਼ਟ ਹੁੰਦੀ ਹੈ ਕਿ ਕਈ ਵਾਰੀ ਸਕੂਲ ਮੁੱਖੀ, ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਜਾਂ ਜ਼ਿਲ੍ਹਾ ਸਿੱਖਿਆ ਅਫਸਰ ਜਾਣ ਬੁੱਝ ਕੇ ਵਿਦਿਆਰਥੀਆਂ ਦਾ ਗਲਤ ਡਾਟਾ ਲੈਣ ਉਪਰੰਤ ਕਿਸੇ ਵਿਸ਼ੇਸ਼ ਅਧਿਆਪਕ ਨੂੰ ਫਾਇਦਾ ਪਹੁੰਚਾਉਂਦੇ ਹਨ ।



3.0 ਇਸ ਸਾਰੇ ਮੁੱਦੇ ਨੂੰ ਬੜੀ ਗੰਭੀਰਤਾਂ ਨਾਲ ਲਿਆ ਗਿਆ ਹੈ ਅਤੇ ਮਾਨਯੋਗ ਸਿੱਖਿਆ ਮੰਤਰੀ ਜੀ ਨੇ ਮਿਤੀ 29 ਅਪ੍ਰੈਲ, 2010 ਨੂੰ ਹੋਈ ਮੀਟਿੰਗ ਵਿੱਚ ਵੀ ਸਾਰੇ ਜ਼ਿਲ੍ਹਾ ਸਿੱਖਿਆ ਅਫਸਰਾਂ ਨੂੰ ਹਦਾਇਤਾਂ ਕੀਤੀਆ ਸਨ । ਆਪ ਜੀ ਨੂੰ ਸੱਪਸ਼ਟ ਕੀਤਾ ਜਾਂਦਾ ਹੈ ਕਿ ਕਿਸੇ ਵੀ ਸੂਰਤ ਵਿੱਚ ਗਲਤ ਡਾਟਾ ਦੇ ਕੇ ਕਿਸੇ ਵੀ ਅਧਿਆਪਕ ਨੂੰ ਲਾਭ ਨਾ ਦਿੱਤਾ ਜਾਵੇ । ਜੇਕਰ ਇਸ ਤਰ੍ਹਾ ਕੀਤਾ ਜਾਂਦਾ ਹੈ ਤਾਂ ਸਬੰਧਤ ਅਧਿਕਾਰੀਆਂ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ